15ਵੀਂ ਵਿਧਾਨ ਸਭਾ
14ਵਾਂ ਸਮਾਗਮ (ਬਜਟ)

# ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ: 3
ਬੁੱਧਵਾਰ, 3 ਮਾਰਚ, 2021
(10.00 ਵਜੇ ਸਵੇਰ ਤੋਂ 3.15 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | 06 | - | 04 | 21 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 20

2. **ਧਿਆਨ ਦਿਵਾਊ ਨੋਟਿਸ**

ਸਰਦਾਰ ਨਾਜਰ ਸਿੰਘ ਮਾਨਸ਼ਾਹੀਆ, ਐਮ.ਐਲ.ਏ ਵਲੋਂ ਜਿਲ੍ਹਾ ਮਾਨਸਾ ਵਿਚ ਇਕ ਆਧੁਨਿਕ ਬੱਸ ਸਟੈਂਡ ਦੀ ਉਸਾਰੀ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

ਟ੍ਰਾਂਸਪੋਰਟ ਮੰਤਰੀ ਨੇ ਜਵਾਬ ਦਿੱਤਾ।

(ਨੰ: 18)

3. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 03.03.2021 ਤੋਂ 10.03.2021 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

4. **ਵਾਕ ਆਊਟ**

1. ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੀ ਰਿਪੋਰਟ ਲਾਗੂ ਕੀਤੇ ਜਾਣ ਦੀ ਮੰਗ, ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੇ ਜਾਣ ਦੀ ਮੰਗ, ਕੇਂਦਰੀ ਤਨਖਾਹ ਕਮਿਸ਼ਨ ਪੰਜਾਬ ਦੇ ਮੁਲਾਜਮਾਂ ਤੇ ਲਾਗੂ ਨਾ ਕੀਤੇ ਜਾਣ ਦੀ ਮੰਗ ਅਤੇ ਕੱਚੇ ਮੁਲਾਜ਼ਮ ਪੱਕੇ ਕਰਨ ਦੀ ਮੰਗ ਸਬੰਧੀ ਸਰਕਾਰ ਵਿਰੋਧੀ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਸਰਦਾਰ ਸੁਖਪਾਲ ਸਿੰਘ ਖਹਿਰਾ, ਸਰਦਾਰ ਪਿਰਮਲ ਸਿੰਘ ਧੌਲਾ ਅਤੇ ਸਰਦਾਰ ਜਗਦੇਵ ਸਿੰਘ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਪੰਜਾਬ ਰਾਜ ਵਿਚ ਮਹਿੰਗੀ ਬਿਜਲੀ ਦੇ ਮੁੱਦੇ ਤੇ ਸਰਕਾਰ ਵਿਰੋਧੀ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

5. **ਮੇਜ਼ ਤੇ ਮੁੜ ਰੱਖੇ ਜਾਣ ਵਾਲੇ / ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: IV ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 11 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

3/3/21
Principal Chief Reporter
Punjab Vidhan Sabha
Chandigrah

6. **ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਤੇ ਮੁੜ ਬਹਿਸ**

ਡਾਕਟਰ ਰਾਜ ਕੁਮਾਰ ਵੇਰਕਾ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਜਿਸ ਦੀ ਸਰਦਾਰ ਹਰਮਿੰਦਰ ਸਿੰਘ ਗਿੱਲ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ ਤੇ ਮੁੜ ਬਹਿਸ ਆਰੰਭ ਹੋਈ:-

"ਕਿ ਰਾਜਪਾਲ ਜੀ ਨੂੰ ਨਿਮਨਲਿਖਤ ਸ਼ਬਦਾਂ ਵਿੱਚ ਮਾਣ-ਪੱਤਰ ਪੇਸ਼ ਕੀਤਾ ਜਾਵੇ:

" ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 1 ਮਾਰਚ, 2021 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਇਸ ਉਪਰੰਤ ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸ਼੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 10 ਮਿੰਟ |
| 2. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 12 ਮਿੰਟ |
| 3. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 19 ਮਿੰਟ |
| 4. | ਸ਼੍ਰੀ ਬੁਧ ਰਾਮ, ਆਮ ਆਦਮੀ ਪਾਰਟੀ | 14 ਮਿੰਟ |
| 5. | ਸਰਦਾਰ ਸ਼ਰਨਜੀਤ ਸਿੰਘ ਢਿਲੋਂ, ਸ਼੍ਰੋਮਣੀ ਅਕਾਲੀ ਦਲ | 15 ਮਿੰਟ |
| 6. | ਸਰਦਾਰ ਕੁਸ਼ਲਦੀਪ ਸਿੰਘ ਢਿਲੋਂ, ਸਲਾਹਕਾਰ/ਮੁੱਖ ਮੰਤਰੀ | 18 ਮਿੰਟ |
| 7. | ਸ਼੍ਰੀ ਰਾਜ ਕੁਮਾਰ ਚੱਬੇਵਾਲ, ਇੰਡੀਅਨ ਨੈਸ਼ਨਲ ਕਾਂਗਰਸ | 21 ਮਿੰਟ |
| 8. | ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 12 ਮਿੰਟ |
| 9. | ਸਰਦਾਰ ਤਰਸੇਮ ਸਿੰਘ ਡੀ.ਸੀ., ਇੰਡੀਅਨ ਨੈਸ਼ਨਲ ਕਾਂਗਰਸ | 21 ਮਿੰਟ |
| 10. | ਮਿਸ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 04 ਮਿੰਟ |
| 11. | ਸਰਦਾਰ ਨਵਤੇਜ ਸਿੰਘ ਚੀਮਾ, ਇੰਡੀਅਨ ਨੈਸ਼ਨਲ ਕਾਂਗਰਸ | 12 ਮਿੰਟ |
| 12. | ਡਾਕਟਰ ਸੁਖਵਿੰਦਰ ਸਿੰਘ ਸੁੱਖੀ, ਸ਼੍ਰੋਮਣੀ ਅਕਾਲੀ ਦਲ | 10 ਮਿੰਟ |
| 13. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 13 ਮਿੰਟ |
| 13. | ਸ਼੍ਰੀ ਅਰੁਣ ਨਾਰੰਗ, ਭਾਰਤੀ ਜਨਤਾ ਪਾਰਟੀ | 01 ਮਿੰਟ |
| 14. | ਸਰਦਾਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਇੰਡੀਅਨ ਨੈਸ਼ਨਲ ਕਾਂਗਰਸ | 12 ਮਿੰਟ |
| 15. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 17 ਮਿੰਟ |

7. **ਸਦਨ ਦਾ ਸਮਾਂ ਵਧਾਉਣਾ**

ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਵੱਲੋਂ ਸਦਨ ਦੀ ਸਹਿਮਤੀ ਨਾਲ ਪਹਿਲਾਂ ਅੱਜ ਦੀ ਬੈਠਕ ਦਾ ਸਮਾਂ 2.30 ਵਜੇ ਬਾਅਦ ਦੁਪਹਿਰ ਤੋਂ 3.00 ਵਜੇ ਬਾਅਦ ਦੁਪਹਿਰ (ਅੱਧੇ ਘੰਟੇ ਲਈ) ਅਤੇ ਬਾਅਦ ਵਿਚ 15 ਮਿੰਟ ਲਈ ਹੋਰ ਵਧਾਇਆ ਗਿਆ।

ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 12.41 ਵਜੇ ਬਾਅਦ ਦੁਪਹਿਰ ਤੋਂ 3.15 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਵੀਰਵਾਰ, ਮਿਤੀ 04 ਮਾਰਚ, 2021 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ:
03 ਮਾਰਚ, 2021

ਸ਼ਸ਼ੀ ਲਖਨਪਾਲ ਮਿਸ਼ਰਾ
ਸਕੱਤਰ।